28-Oct-Punjab-1Star.qxd 10/28/2025 11:37 PM Page 3

ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ 'ਦਿ ਇੰਗਲਿਸ਼ ਐੱਜ' ਪ੍ਰੋਗਰਾਮ ਦੀ ਸ਼ੁਰੂਆਤ ਦੌਰਾਨ 'ਆਪ' ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਉੱਪ ਕੁਲਪਤੀ ਪ੍ਰੋ. ਕਰਮਜੀਤ ਸਿੰਘ ਤੇ ਹੋਰ। ਅਜੀਤ ਤਸਵੀਰ

ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ 'ਦਿ ਇੰਗਲਿਸ਼ ਐੱਜ' ਪ੍ਰੋਗਰਾਮ ਸ਼ੁਰੂ

500 ਸਰਕਾਰੀ ਸਕੂਲਾਂ ਵਿਚ 9ਵੀਂ ਤੋਂ 12ਵੀਂ ਜਮਾਤ ਦੇ 3 ਲੱਖ ਵਿਦਿਆਰਥੀਆਂ ਨੂੰ ਅੰਗਰੇਜ਼ੀ ਵਿਚ ਨਿਪੁੰਨ ਬਣਾਵੇਗਾ ਪ੍ਰੋਗਰਾਮ-ਹਰਜੋਤ ਸਿੰਘ ਬੈਂਸ

ਅੰਮ੍ਰਿਤਸਰ, 28 ਅਕਤੂਬਰ (ਸੁਰਿੰਦਰਪਾਲ ਸਿੰਘ ਵਰਪਾਲ)-ਸੂਬੇ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨਾਲ ਅੱਜ 'ਦਿ ਇੰਗਲਿਸ਼ ਐੱਜ-ਲਰਨ ਸਮਾਰਟ, ਸਪੀਕ ਸ਼ਾਰਪ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਅੰਗਰੇਜ਼ੀ ਸੰਚਾਰ ਹੁਨਰਾਂ ਨਾਲ ਲੈਸ ਕੀਤਾ ਜਾਵੇਗਾ। ਸ. ਬੈਂਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਇਹ ਵੱਕਾਰੀ ਪ੍ਰੋਗਰਾਮ ਪੰਜਾਬ ਦੇ 500 ਸਰਕਾਰੀ ਸਕੂਲਾਂ ਵਿਚ 9ਵੀਂ ਤੋਂ 12ਵੀਂ ਜਮਾਤ ਦੇ 3 ਲੱਖ ਵਿਦਿਆਰਥੀਆਂ ਨੂੰ ਸਿੱਖਿਅਤ ਬਣਾਉਣ ਲਈ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਨੂੰ ਆਤਮ ਵਿਸ਼ਵਾਸ ਨਾਲ ਅੰਗਰੇਜ਼ੀ ਬੋਲਣ, ਪੜ੍ਹਨ ਤੇ ਸੋਚਣ ਦੇ ਹੁਨਰਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਤੇ ਇਸਦੇ ਨਾਲ ਹੀ ਉਨ੍ਹਾਂ ਦੀ ਰੋਜ਼ਗਾਰਯੋਗਤਾ ਤੇ ਵਿਸ਼ਵ ਪੱਧਰ ਤੱਕ ਪਹੁੰਚ ਨੂੰ ਵਧਾਇਆ ਜਾ ਰਿਹਾ ਹੈ। ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਵਾਲੇ 'ਪੰਜਾਬ ਸਿੱਖਿਆ ਕ੍ਰਾਂਤੀ' ਨੂੰ ਇੱਕ ਮੀਲ ਪੱਥਰ ਦੱਸਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪ੍ਰੋਗਰਾਮ ਸਕੂਲ ਵਿਚ ਡਿਜ਼ੀਟਲ ਰਿਡਿੰਗ ਨੂੰ ਘਰ 'ਚ ਬੋਲਣ ਦੇ ਅਭਿਆਸ ਨਾਲ ਜੋੜਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਇੰਗਲਿਸ਼ ਹੈਲਪਰ ਦੇ ਸਹਿਯੋਗ ਨਾਲ ਲਾਗੂ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਦੀ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਟੈਗਲਾਈਨ 'ਲਰਨ ਸਮਾਰਟ, ਸਪੀਕ ਸ਼ਾਰਪ' ਪ੍ਰੋਗਰਾਮ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਬਦਲਦੇ ਵਿਸ਼ਵ ਨਾਲ ਵਿਕਸਤ ਹੋਣ, ਸੁਤੰਤਰ ਤੌਰ 'ਤੇ ਸੋਚਣ ਅਤੇ ਜੀਵਨ ਦੇ ਹਰ ਖੇਤਰ 'ਚ ਵਿਸ਼ਵਾਸ ਨਾਲ ਸੰਚਾਰ ਕਰਨ ਵਿਚ ਮਦਦ ਕੀਤੀ ਜਾ ਸਕੇ।

ਗਊਸ਼ਾਲਾ ਸ਼ੋਰੋਂ ਵਿਖੇ ਸੰਤ ਸਮਾਜ ਦੀ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਸੰਤ ਮਹਾਂਪੁਰਸ਼। ਤਸਵੀਰ : ਵਿਨੋਦ

ਪੰਜਾਬ ਦੇ ਪ੍ਰਮੁੱਖ ਸੰਤ ਸਮਾਜ ਦੀ ਅਹਿਮ ਮੀਟਿੰਗ

ਸਾਧੂ ਸਮਾਜ ਦੇ ਮਸਲਿਆਂ ਲਈ ਮੁੱਖ ਮੰਤਰੀ ਤੇ ਰਾਜਪਾਲ ਪੰਜਾਬ ਨੂੰ ਮਿਲੇਗਾ ਸੰਤ ਸਮਾਜ

ਲੌਂਗੋਵਾਲ, 28 ਅਕਤੂਬਰ (ਵਿਨੋਦ ਸ਼ਰਮਾ)-ਪੰਜਾਬ ਦੇ ਪ੍ਰਮੁੱਖ ਸੰਤ ਸਮਾਜ ਦੀ ਅਹਿਮ ਮੀਟਿੰਗ ਸ੍ਰੀ ਚੰਦਰ ਗਊਸ਼ਾਲਾ ਡੇਰਾ ਨਿੰਮ ਵਾਲਾ ਸ਼ੋਰੋਂ ਵਿਖੇ ਪ੍ਰਾਚੀਨ ਉਦਾਸੀਨ ਮਹਾਂ ਮੰਡਲ ਪੰਜਾਬ ਦੇ ਪ੍ਰਧਾਨ ਮਹੰਤ ਦਿਗੰਬਰ ਮੁਨੀ ਅਖਾੜਾ ਸੰਗਲ ਵਾਲਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅਗਵਾਈ ਹੇਠ ਹੋਈ। ਜਿਸ ਵਿਚ ਸਮੁੱਚੇ ਪੰਜਾਬ ਤੋਂ ਇਲਾਵਾ ਨੇੜਲੇ ਸੂਬਿਆਂ ਦੇ ਸੰਤ ਮਹਾਂ ਪੁਰਸ਼ਾਂ ਤੇ ਭੇਖ ਭਗਵਾਨ ਦੇ ਸਿਰਮੌਰ ਸਾਧੂ ਮਹਾਤਮਾਵਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੇ ਵੇਰਵੇ ਸਾਂਝੇ ਕਰਦਿਆਂ ਡਾ. ਸਵਾਮੀ ਚੰਦਰ ਮੁਨੀ ਸ਼ੋਰੋਂ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਸਰਬੱਤ ਦੇ ਭਲੇ, ਧਰਮ ਦੇ ਪ੍ਰਚਾਰ ਪ੍ਰਸਾਰ ਤੋਂ ਇਲਾਵਾ ਡੇਰਿਆਂ ਅਤੇ ਧਾਰਮਿਕ ਸਥਾਨਾਂ ਦੀਆਂ ਜਾਇਦਾਦਾਂ 'ਤੇ ਸ਼ਰਾਰਤੀ ਅਨਸਰਾਂ ਵਲੋਂ ਰੱਖੀ ਜਾਂਦੀ ਮਾੜੀ ਨਜ਼ਰ ਸਬੰਧੀ ਤੇ ਹੋਰਨਾਂ ਸਮਾਜਿਕ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਵਿਚ ਸਮਾਜ ਵਿਚ ਨਸ਼ੇ ਦੀ ਅਲਾਮਤ ਵੱਡੀ ਪੱਧਰ 'ਤੇ ਫੈਲ ਗਈ ਹੈ ਅਤੇ ਗਊਆਂ ਦਾ ਵੀ ਵੱਡੀ ਪੱਧਰ ਤੇ ਨਿਰਾਦਰ ਹੋ ਰਿਹਾ। ਇਨ੍ਹਾਂ ਅਲਾਮਤਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਧੂ ਸਮਾਜ ਵਲੋਂ ਧਾਰਮਿਕ ਪ੍ਰਚਾਰ ਪ੍ਰਸਾਰ ਅਤੇ ਲੋੜੀਂਦੇ ਪ੍ਰਬੰਧ ਕਰ ਕੇ ਉਪਰਾਲੇ ਆਰੰਭ ਕੀਤੇ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਕੁੱਝ ਥਾਵਾਂ 'ਤੇ ਸ਼ਰਾਰਤੀ ਅਨਸਰਾਂ ਵਲੋਂ ਡੇਰਿਆਂ ਅਤੇ ਧਾਰਮਿਕ ਸਥਾਨਾਂ 'ਤੇ ਬੇਅਦਬੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ ਡੇਰਿਆਂ ਦੀਆਂ ਜਾਇਦਾਦਾਂ ਨੂੰ ਹੜੱਪ ਕਰਨ ਦੇ ਮਕਸਦ ਨਾਲ ਸਾਧੂ ਸੰਤਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਅਜਿਹੇ ਨਾਪਾਕ ਅਨਸਰਾਂ ਨੂੰ ਨੱਥ ਪਾਉਣ ਲਈ ਜਲਦ ਹੀ ਸਾਧੂ ਸਮਾਜ ਮੁੱਖ ਮੰਤਰੀ ਭਗਵੰਤ ਮਾਨ ਤੇ ਰਾਜਪਾਲ ਪੰਜਾਬ ਨੂੰ ਮਿਲ ਕੇ ਜ਼ਮੀਨੀ ਹਕੀਕਤ ਤੋਂ ਜਾਣੂੰ ਕਰਵਾਏਗਾ। ਇਸ ਮੌਕੇ ਸੰਤ ਜਮੁਨਾ ਦਾਸ ਦੁੰਨੇ, ਸੰਤ ਮੱਖਣ ਮੁਨੀ ਡੂੰਮ, ਸੰਤ ਸੇਵਾਦਾਸ ਕੋਟਫੱਤਾ, ਸੰਤ ਆਤਮਾ ਰਾਮ ਪਟਿਆਲਾ, ਸੰਤ ਸ਼ਾਂਤਾ ਨੰਦ ਬੀਰੋ ਕੇ, ਸੰਤ ਰਮੇਸ਼ ਮੁਨੀ ਤਲਵੰਡੀ ਸਾਬੋ, ਸੰਤ ਪਰਮ ਮੁਨੀ ਸਤੌਜ, ਸੰਤ ਜਗਦੀਸ਼ ਗਿਰ ਛਾਹੜ, ਸੰਤ ਪ੍ਰਕਾਸ਼ ਮੁਨੀ ਹਰਿਦੁਆਰ, ਮਹਾਂ ਮੰਡਲੇਸ਼ਵਰ ਸਵਾਮੀ ਜੋਗਿੰਦਰਾ ਨੰਦ ਸੰਘਰੀਆ ਮੰਡੀ, ਸੰਤ ਬਾਲਕ ਨਾਥ ਬੀਰੋ ਕੇ, ਸੰਤ ਬਲਵਿੰਦਰ ਦਾਸ ਮੁੱਲਾਂਪੁਰ, ਸੰਤ ਗਿਆਨ ਪ੍ਰਕਾਸ਼, ਸੰਤ ਵੇਦ ਪ੍ਰਕਾਸ਼ ਢੁੱਡੀ, ਸੰਤ ਰਵਿੰਦਰ ਮੁਨੀ ਫੇਰੂਮਾਨ, ਸੰਤ ਬਲਵੰਤ ਮੁਨੀ ਤੁੰਗਵਾਲੀ, ਸੰਤ ਭਗਵਾਨ ਦਾਸ ਤਪਾ, ਸੰਤ ਰਾਮ ਸ਼ਰਨ ਦਾਸ ਮੰਡੀ ਗੋਬਿੰਦਗੜ੍ਹ, ਸੰਤ ਸੋਹਣ ਦਾਸ ਰਾਜਸਥਾਨ, ਸੰਤ ਸੁਖਦੇਵ ਦਾਸ ਮਾਜਰੀ, ਸੰਤ ਧਰਮ ਮੁਨੀ ਅਲਾਲ, ਸੰਤ ਰੁੜਕੀ ਦਾਸ ਬੀਰ ਕਲਾਂ, ਸੰਤ ਅਵਤਾਰ ਦਾਸ ਅਲੀਸ਼ੇਰ, ਸੰਤ ਗੋਪਾਲ ਦਾਸ ਅੰਮ੍ਰਿਤਸਰ, ਸੰਤ ਕਮਲ ਦਾਸ ਜੈਤੋ, ਸੰਤ ਸਾਧੂ ਰਾਮ ਪਟਿਆਲਾ, ਸੰਤ ਸੱਤਪ੍ਰਕਾਸ਼ ਧੂੜਕੋਟ, ਸੰਤ ਦਰਸ਼ਨ ਦਾਸ ਡੱਬਵਾਲੀ, ਸੰਤ ਗੋਪਾਲ ਦਾਸ ਕਿਆਲੇ ਬਾਂਦਰ, ਸੰਤ ਲਖਵਿੰਦਰ ਦਾਸ ਤੁੰਗਵਾਲੀ, ਸੰਤ ਕਲਿਆਣ ਦਾਸ ਗਿੱਲ ਪੱਤੀ, ਸੰਤ ਬਲਜੀਤ ਦਾਸ ਗੁਰੂਸਰ, ਸੰਤ ਬਲਵਿੰਦਰ ਦਾਸ ਅਲਬੇਲਾ, ਸੰਤ ਪਰਸ਼ੋਤਮ ਦਾਸ ਖਿਜਰੀ ਵਾਲਾ, ਸੰਤ ਗੋਪੀ ਦਾਸ ਗਹਿਰੀ ਬੁੱਟਰ, ਸੰਤ ਮਨਸ਼ਾ ਦਾਸ ਅਤੇ ਹੋਰ ਸੰਤ ਮਹਾਂਪੁਰਸ਼ ਹਾਜ਼ਰ ਸਨ।

ਪੰਜਾਬ 'ਚ ਹੁਣ ਤੱਕ ਪਰਾਲੀ ਸਾੜਨ ਦੇ ਮਾਮਲਿਆਂ ਵਿਚ ਆਈ ਰਿਕਾਰਡ ਕਮੀ-ਮੁੱਖ ਮੰਤਰੀ

ਯੋਜਨਾਬੱਧ ਸਾਜਿਸ਼ ਤਹਿਤ ਪੰਜਾਬ ਨੂੰ ਬਦਨਾਮ ਕਰਦੀ ਹੈ ਭਾਜਪਾ

ਚੰਡੀਗੜ੍ਹ, 28 ਅਕਤੂਬਰ (ਅਜੀਤ ਬਿਊਰੋ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਕਈ ਸਿਆਸੀ ਪਾਰਟੀਆਂ ਭਾਰਤੀ ਚੋਣ ਕਮਿਸ਼ਨ ਵਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਪੜਤਾਲ (ਸਪੈਸ਼ਲ ਇੰਟੈਂਸਿਵ ਰਿਵੀਜ਼ਨ) ਦੀ ਪ੍ਰਕਿਰਿਆ 'ਤੇ ਇਤਰਾਜ਼ ਉਠਾ ਰਹੀਆਂ ਹਨ, ਜਿਸ ਕਰਕੇ ਸੰਵਿਧਾਨਕ ਸੰਸਥਾ ਵਲੋਂ ਇਸ ਮੁੱਦੇ 'ਤੇ ਉਲਝੀ ਤਾਣੀ ਵਾਲੀ ਸਥਿਤੀ ਨੂੰ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਚੋਣ ਕਮਿਸ਼ਨ ਵਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ, ਖਾਸ ਕਰਕੇ ਐਸ.ਆਈ.ਆਰ. ਤੋਂ ਅਜਿਹਾ ਨਹੀਂ ਲੱਗਣਾ ਚਾਹੀਦਾ ਕਿ ਉਹ ਵੋਟ ਚੋਰੀ ਦੇ ਉਦੇਸ਼ ਨਾਲ ਲੋਕਤੰਤਰ ਦੀ ਆਵਾਜ਼ ਨੂੰ ਦਬਾ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ ਮੂਕ ਦਰਸ਼ਕ ਬਣਨ ਦੀ ਬਜਾਏ ਵਿਰੋਧੀ ਧਿਰ ਦੇ ਇਤਰਾਜ਼ਾਂ ਵੱਲ ਧਿਆਨ ਦੇ ਕੇ ਇਨ੍ਹਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਚੋਣ ਕਮਿਸ਼ਨ ਦਾ ਫਰਜ਼ ਬਣਦਾ ਹੈ ਕਿ ਉਹ ਵੱਖ-ਵੱਖ ਸਿਆਸੀ ਪਾਰਟੀਆਂ ਵਲੋਂ ਉਠਾਏ ਜਾ ਰਹੇ ਸਾਰੇ ਮੁੱਦਿਆਂ ਦਾ ਜਵਾਬ ਦੇਵੇ। ਇਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਕੌਮੀ ਰਾਜਧਾਨੀ ਵਿਚ ਪ੍ਰਦੂਸ਼ਣ ਲਈ ਪੰਜਾਬ ਨੂੰ ਪਰਾਲੀ ਸਾੜਨ ਦੇ ਨਾਂਅ 'ਤੇ ਯੋਜਨਾਬੱਧ ਸਾਜਿਸ਼ ਤਹਿਤ ਬਦਨਾਮ ਕੀਤਾ ਜਾ ਰਿਹਾ ਹੈ, ਜਦੋਂਕਿ ਸਚਾਈ ਇਸ ਤੋਂ ਬਿਲਕੁਲ ਵੱਖਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਨਾਜ ਮੰਡੀਆਂ ਵਿਚ ਅਜੇ ਲਗਭਗ 90 ਲੱਖ ਮੀਟਰਕ ਟਨ (ਐਲ.ਐਮ.ਟੀ.) ਫਸਲ ਆਉਣੀ ਹੈ, ਜਿਸ ਕਰਕੇ ਸੂਬੇ ਵਿਚ ਪਰਾਲੀ ਸਾੜਨ ਦਾ ਕੋਈ ਸਵਾਲ ਨਹੀਂ ਉੱਠਦਾ। ਮੁੱਖ ਮੰਤਰੀ ਨੇ ਆਗੂਆਂ ਨੂੰ ਸਪੱਸ਼ਟ ਤੌਰ 'ਤੇ ਪੁੱਛਿਆ ਕਿ ਦਿੱਲੀ ਦਾ ਏ.ਕਿਊ.ਆਈ. ਇੰਨੀ ਦਿਨੀਂ ਏਨਾ ਮਾੜਾ ਕਿਉਂ ਹੈ ਜਦੋਂ ਕਿ ਪੰਜਾਬ ਵਿਚ ਪਰਾਲੀ ਸਾੜਨ ਦੇ ਮਾਮਲੇ ਸਾਹਮਣੇ ਨਹੀਂ ਆਏ ਹਨ। ਮੁੱਖ ਮੰਤਰੀ ਨੇ ਪੰਜਾਬ 'ਚ ਆਏ ਹੜ੍ਹਾਂ ਕਾਰਨ ਬਣੀ ਗੰਭੀਰ ਸਥਿਤੀ ਦੀ ਘੜੀ ਵਿਚ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਨੂੰ ਹੜ੍ਹ ਰਾਹਤ ਲਈ ਪ੍ਰਧਾਨ ਮੰਤਰੀ ਵਲੋਂ ਐਲਾਨੇ ਗਏ 1600 ਕਰੋੜ ਰੁਪਏ ਅਜੇ ਤੱਕ ਪ੍ਰਾਪਤ ਨਹੀਂ ਹੋਏ ਤੇ ਪੰਜਾਬ ਦੀ ਸਥਿਤੀ ਨੂੰ ਹੋਰ ਖਰਾਬ ਕਰਨ ਲਈ ਕੇਂਦਰ ਸਰਕਾਰ ਇਸ ਮੁਆਵਜ਼ੇ ਵਿਚੋਂ ਵੀ ਚੱਲ ਰਹੀਆਂ ਹੋਰ ਯੋਜਨਾਵਾਂ ਦੇ ਫੰਡਾਂ ਨੂੰ ਐਡਜਸਟ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਅਪਣਾਉਣ ਲਈ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ

ਡਾ. ਰਵਜੋਤ ਸਿੰਘ ਨੇ ਤ੍ਰਿਪੁਰਾ ਦੇ ਮੁੱਖ ਮੰਤਰੀ ਮਾਨਿਕ ਸਾਹਾ ਨੂੰ 350 ਸਾਲਾਂ ਸ਼ਹੀਦੀ ਸਮਾਗਮਾਂ 'ਚ ਸ਼ਾਮਿਲ ਹੋਣ ਦਾ ਦਿੱਤਾ ਸੱਦਾ

ਚੰਡੀਗੜ੍ਹ, 28 ਅਕਤੂਬਰ (ਅਜੀਤ ਬਿਊਰੋ)-ਪੰਜਾਬ ਸਰਕਾਰ ਵਲੋਂ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਲਈ ਅੱਜ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਅਗਰਤਲਾ ਵਿਖੇ ਤ੍ਰਿਪੁਰਾ ਦੇ ਮੁੱਖ ਮੰਤਰੀ ਮਾਨਿਕ ਸਾਹਾ ਨਾਲ ਮੁਲਾਕਾਤ ਕਰਕੇ ਸਮਾਗਮਾਂ ਵਿਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਕੈਬਨਿਟ ਮੰਤਰੀ ਨੇ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾਂ ਸਮੇਤ ਇਨ੍ਹਾਂ ਯਾਦਗਾਰੀ ਸਮਾਰੋਹਾਂ ਦੇ ਮੁੱਖ ਪਹਿਲੂਆਂ ਬਾਰੇ ਵੀ ਚਾਨਣਾ ਪਾਇਆ। ਡਾ. ਰਵਜੋਤ ਸਿੰਘ ਨੇ ਮੁੱਖ ਮੰਤਰੀ ਤ੍ਰਿਪੁਰਾ ਨੂੰ ਦੱਸਿਆ ਕਿ ਇੱਕ ਪੂਰੇ ਮਹੀਨੇ ਦੌਰਾਨ ਹੋਣ ਵਾਲੇ ਇਨ੍ਹਾਂ ਸਮਾਗਮਾਂ ਰਾਹੀਂ ਗੁਰੂ ਸਾਹਿਬ ਦੇ ਜੀਵਨ, ਉਪਦੇਸ਼ ਤੇ ਫਲਸਫੇ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਮੁੱਖ ਮੰਤਰੀ ਮਾਨਿਕ ਸਾਹਾ ਨੇ ਸੱਦੇ ਨੂੰ ਸਵੀਕਾਰ ਕਰਦਿਆਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਕੀਤਾ।

ਛੱਤਬੀੜ ਚਿੜੀਆਘਰ ਵਿਖੇ ਬਿਜਲਈ ਵਾਹਨਾਂ ਨੂੰ ਲੱਗੀ ਅੱਗ ਦਾ ਦ੍ਰਿਸ਼। ਤਸਵੀਰ : ਹੈਪੀ ਪੰਡਵਾਲਾ

ਛੱਤਬੀੜ ਚਿੜੀਆਘਰ 'ਚ ਇਲੈਕਟ੍ਰਿਕ ਗੱਡੀਆਂ ਨੂੰ ਲੱਗੀ ਅੱਗ, 18 ਵਾਹਨ ਸੜੇ

ਜ਼ੀਰਕਪੁਰ, 28 ਅਕਤੂਬਰ (ਹੈਪੀ ਪੰਡਵਾਲਾ)-ਅੱਜ ਸਵੇਰੇ ਛੱਤਬੀੜ ਚਿੜੀਆਘਰ 'ਚ ਸੈਲਾਨੀਆਂ ਦੀ ਸਵਾਰੀ ਲਈ ਵਰਤੇ ਜਾਣ ਵਾਲੇ ਇਲੈਕਟ੍ਰਿਕ ਵਾਹਨਾਂ ਨੂੰ ਅਚਾਨਕ ਅੱਗ ਲੱਗ ਗਈ, ਜਿਸ ਨਾਲ ਕਰੀਬ 18 ਵਾਹਨ ਅੱਗ ਦੀ ਲਪੇਟ 'ਚ ਆ ਗਏ। ਵਾਹਨਾਂ ਨੂੰ ਅੱਗ ਉਦੋਂ ਲੱਗੀ ਜਦੋਂ ਉਨ੍ਹਾਂ ਨੂੰ ਚਾਰਜ ਕਰਨ ਲਈ ਇਕ ਚਾਰਜਿੰਗ ਸਟੇਸ਼ਨ 'ਤੇ ਖੜ੍ਹੇ ਕੀਤਾ ਗਿਆ ਸੀ। ਇਸ ਘਟਨਾ ਦੌਰਾਨ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਪ੍ਰਬੰਧਕਾਂ ਵਲੋਂ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ। ਇਹ ਘਟਨਾ ਸਵੇਰੇ 8.30 ਵਜੇ ਦੇ ਕਰੀਬ ਵਾਪਰੀ। ਚਾਰਜਿੰਗ ਸਟੇਸ਼ਨ 'ਤੇ ਖੜੇ ਵਾਹਨਾਂ 'ਚੋਂ ਧੂੰਆਂ ਉੱਠਣਾ ਸ਼ੁਰੂ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਸਾਰ ਹੀ ਡੇਰਾਬੱਸੀ ਤੇ ਜ਼ੀਰਕਪੁਰ ਤੋਂ ਫਾਇਰ ਅਫ਼ਸਰ ਰਾਜੀਵ ਕੁਮਾਰ ਦੀ ਅਗਵਾਈ 'ਚ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਘਟਨਾ ਸਥਾਨ 'ਤੇ ਪਹੁੰਚ ਗਈਆਂ। ਇਹ ਰਾਹਤ ਦੀ ਖ਼ਬਰ ਹੈ ਕਿ ਅੱਗ ਚਿੜੀਆਘਰ ਦੇ ਅੰਦਰ ਹੋਰ ਨਹੀਂ ਫੈਲੀ। ਚਿੜੀਆਘਰ ਪ੍ਰਸ਼ਾਸਨ ਵਲੋਂ ਚਿੜੀਆਘਰ ਦੇ ਅੰਦਰ ਪ੍ਰਦੂਸ਼ਣ ਘਟਾਉਣ ਲਈ ਈ-ਰਿਕਸ਼ਾ ਚਲਾਏ ਗਏ ਸਨ। ਚਿੜੀਆਘਰ ਦੇ ਸਿੱਖਿਆ ਅਫ਼ਸਰ ਹਰਪਾਲ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਿਕ ਕਿਆਸ ਲਗਾਇਆ ਗਿਆ ਹੈ ਕਿ ਚਾਰਜਿੰਗ ਸਮੇਂ ਸਾਰੀਆਂ ਗੋਲਫ਼ ਕਾਰਟ ਇਕ ਲਾਈਨ 'ਚ ਖੜ੍ਹੀਆਂ ਸਨ। ਉਸ ਸਮੇਂ ਸ਼